ਫੜੀਆਂ ਗਈਆਂ ਨਸ਼ੀਲੀਆਂ ਗੋਲੀਆਂ ਤੇ ਮੈਡੀਕਲ ਸਟੋਰ ਸੀਲ ਕਰਨ ਬਾਰੇ ਜਾਣਕਾਰੀ ਦਿੰਦੇ ਹੋਏ ਡੀ.ਐਸ.ਪੀ. ਧਰਮਕੋਟ ਰਾਜੇਸ਼ ਠਾਕੁਰ, ਨਾਲ ਹਨ ਇੰਸਪੈਕਟਰ ਗੁਰਮੇਲ ਸਿੰਘ। ਅਜੀਤ ਤਸਵੀਰ

ਮੋਗਾ ਪੁਲਿਸ ਵਲੋਂ ਅਮਨ ਮੈਡੀਕਲ ਸਟੋਰ ਧਰਮਕੋਟ ਕੀਤਾ ਸੀਲ

1518 ਨਸ਼ੀਲੀਆਂ ਗੋਲੀਆਂ ਤੇ 3,89,400 ਡਰੱਗ ਮਨੀ ਕੀਤੀ ਜ਼ਬਤ

ਮੋਗਾ, 27 ਨਵੰਬਰ (ਗੁਰਤੇਜ ਸਿੰਘ ਬੱਬੀ)-ਜ਼ਿਲ੍ਹਾ ਪੁਲਿਸ ਮੁਖੀ ਅਜੇ ਗਾਂਧੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮੋਗਾ ਪੁਲਿਸ ਵਲੋਂ ਚਲਾਈ ਗਈ ਯੁੱਧ ਨਸ਼ਿਆਂ ਵਿਰੁੱਧ ਮੁਹਿਮ ਤਹਿਤ ਥਾਣਾ ਧਰਮਕੋਟ ਪੁਲਿਸ ਨੂੰ ਉਸ ਵੇਲੇ ਵੱਡੀ ਸਫ਼ਲਤਾ ਮਿਲੀ ਜਦੋਂ ਡੀ.ਐਸ.ਪੀ. ਧਰਮਕੋਟ ਰਾਜੇਸ਼ ਠਾਕੁਰ ਦੀ ਸੁਪਰਵਿਜ਼ਨ ਹੇਠ ਇੰਸਪੈਕਟਰ ਗੁਰਮੇਲ ਸਿੰਘ ਤੇ ਉਨ੍ਹਾਂ ਦੀ ਟੀਮ ਵਲੋਂ ਡਰੱਗ ਇੰਸਪੈਕਟਰ ਰਵੀ ਗੁਪਤਾ ਦੇ ਨਾਲ ਧਰਮਕੋਟ ਵਿਖੇ ਅਮਨ ਮੈਡੀਕਲ ਸਟੋਰ 'ਤੇ ਛਾਪੇਮਾਰੀ ਕੀਤੀ। ਛਾਪੇਮਾਰੀ ਦੌਰਾਨ 1518 ਨਸ਼ੀਲੀਆਂ ਗੋਲੀਆਂ ਤੇ ਕੈਪਸੂਲ ਤੇ 3, 89,400 ਡਰੱਗ ਮਨੀ ਵੀ ਜ਼ਬਤ ਕੀਤੀ ਗਈ। ਅੱਜ ਇਸ ਸਬੰਧੀ ਡੀ.ਐਸ.ਪੀ. ਧਰਮਕੋਟ ਰਾਜੇਸ਼ ਠਾਕੁਰ ਨੇ ਦੱਸਿਆ ਕਿ ਅਮਨ ਮੈਡੀਕਲ ਸਟੋਰ 'ਤੇ ਛਾਪੇਮਾਰੀ ਦੌਰਾਨ ਸਿਮਰਨਜੀਤ ਸਿੰਘ ਉਰਫ਼ ਰੋਹਿਤ ਪੁੱਤਰ ਸੁਖਦੇਵ ਸਿੰਘ ਨੂੰ ਪੁਲਿਸ ਵਲੋਂ ਗ੍ਰਿਫ਼ਤਾਰ ਕਰ ਲਿਆ ਗਿਆ ਜਦ ਕਿ ਮੈਡੀਕਲ ਸਟੋਰ ਦਾ ਮਾਲਕ ਸੁਖਦੇਵ ਸਿੰਘ ਪੁੱਤਰ ਸੋਹਣ ਸਿੰਘ ਵਾਸੀ ਧਰਮਕੋਟ ਫ਼ਰਾਰ ਹੋਣ ਵਿਚ ਸਫਲ ਹੋ ਗਿਆ ਜਿਸ ਦੀ ਭਾਲ ਵਿਚ ਪੁਲਿਸ ਛਾਪੇਮਾਰੀ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਉਕਤ ਵਿਅਕਤੀ ਪਿਛਲੇ ਲੰਮੇ ਸਮੇਂ ਤੋਂ ਨਸ਼ੀਲੀਆਂ ਦਵਾਈਆਂ ਦਾ ਧੰਦਾ ਕਰਦਾ ਸੀ ਤੇ ਪੁਲਿਸ ਕੋਲ ਉਸ ਦੀਆਂ ਵਾਰ-ਵਾਰ ਸ਼ਿਕਾਇਤਾਂ ਆ ਰਹੀਆਂ ਸਨ ਤੇ ਪੁਲਿਸ ਵਲੋਂ ਕਾਰਵਾਈ ਕਰਦਿਆਂ ਹੁਣ ਉਕਤ ਅਮਨ ਮੈਡੀਕਲ ਸਟੋਰ ਨੂੰ ਸੀਲ ਕਰ ਦਿੱਤਾ ਗਿਆ ਹੈ। ਇਸ ਮੌਕੇ ਉਨ੍ਹਾਂ ਨਾਲ ਇੰਸਪੈਕਟਰ ਗੁਰਮੇਲ ਸਿੰਘ ਮੁੱਖ ਅਫ਼ਸਰ ਥਾਣਾ ਧਰਮਕੋਟ ਵੀ ਹਾਜ਼ਰ ਸਨ।

ਸ਼੍ਰੋਮਣੀ ਅਕਾਲੀ ਦਲ ਪ੍ਰਤੀ ਲੋਕਾਂ ਦਾ ਭਰੋਸਾ ਵਧਿਆ-ਪ੍ਰਧਾਨ ਭੁੱਲਰ

ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਭੁੱਲਰ

ਕਿਸ਼ਨਪੁਰਾ ਕਲਾਂ, 27 ਨਵੰਬਰ (ਅਮੋਲਕ ਸਿੰਘ ਕਲਸੀ, ਪਰਮਿੰਦਰ ਸਿੰਘ ਗਿੱਲ)-ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਭੁੱਲਰ ਤਲਵੰਡੀ ਭੰਗੇਰੀਆਂ ਨੇ ਕਿਹਾ ਹੈ ਕਿ ਪਾਰਟੀ ਪ੍ਰਤੀ ਰਾਜ ਦੇ ਲੋਕਾਂ ਦਾ ਵਿਸ਼ਵਾਸ ਹੋਰ ਵਧਿਆ ਹੈ। ਉਨ੍ਹਾਂ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਤਰਨ ਤਾਰਨ ਜ਼ਿਮਨੀ ਚੋਣ 'ਚ ਪਾਰਟੀ ਦਾ ਸ਼ਾਨਦਾਰ ਪ੍ਰਦਰਸ਼ਨ ਇਹ ਸਾਬਤ ਕਰਦਾ ਹੈ ਕਿ ਆਉਣ ਵਾਲਾ ਸਮਾਂ ਸ਼੍ਰੋਮਣੀ ਅਕਾਲੀ ਦਲ ਤੇ ਸੁਖਬੀਰ ਸਿੰਘ ਬਾਦਲ ਦਾ ਹੈ। ਪ੍ਰਧਾਨ ਭੁੱਲਰ ਨੇ ਕਿਹਾ ਕਿ ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦਾ ਭਰੋਸਾ ਪੂਰੀ ਤਰ੍ਹਾਂ ਨਾਲ ਗੁਆ ਚੁੱਕੀ ਹੈ ਤੇ ਲੋਕ ਅਖੌਤੀ ਬਦਲਾਅ ਤੋਂ ਤੌਬਾ-ਤੌਬਾ ਕਰਨ ਲੱਗੇ ਹਨ। ਉਨ੍ਹਾਂ ਕਿਹਾ ਕਿ ਅੱਜ ਸੂਬੇ ਅੰਦਰ ਜਿੱਥੇ ਵਿਕਾਸ ਦੇ ਕੰਮ ਪੂਰੀ ਤਰ੍ਹਾਂ ਨਾਲ ਠੱਪ ਪਏ ਹਨ, ਉੱਥੇ ਆਰਥਿਕ ਤੌਰ 'ਤੇ ਵੀ ਪੰਜਾਬ ਦੀਵਾਲੀਆ ਹੋਣ ਦੇ ਕੰਢੇ 'ਤੇ ਪਹੁੰਚ ਗਿਆ ਹੈ। ਜਦ ਕਿ ਅਮਨ ਕਾਨੂੰਨ ਦੀ ਲਗਾਤਾਰ ਵਿਗੜਦੀ ਜਾ ਰਹੀ ਹਾਲਤ ਨਾਲ ਲੋਕਾਂ ਅੰਦਰ ਡਰ ਤੇ ਸਹਿਮ ਦਾ ਮਾਹੌਲ ਹੈ। ਉਨ੍ਹਾਂ ਕਿਹਾ ਕਿ ਆਉਂਦੀਆਂ ਰਾਜ ਵਿਧਾਨ ਸਭਾ ਦੀਆਂ ਚੋਣਾਂ 'ਚ ਸ਼੍ਰੋਮਣੀ ਅਕਾਲੀ ਦਲ ਜਿੱਤ ਹਾਸਿਲ ਕਰਕੇ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਸਰਕਾਰ ਬਣਾਏਗਾ। ਇਸ ਮੌਕੇ ਸੀਨੀਅਰ ਅਕਾਲੀ ਆਗੂ ਰਜਿੰਦਰ ਸਿੰਘ ਡੱਲਾ, ਗੁਰਜੰਟ ਸਿੰਘ ਰਾਮੂਵਾਲੀਆ, ਸਾਬਕਾ ਸਰਪੰਚ ਸਰਬਨ ਸਿੰਘ, ਸਾਬਕਾ ਰੇਸ਼ਮ ਸਿੰਘ, ਨੰਬਰਦਾਰ ਗੁਰਜਿੰਦਰ ਸਿੰਘ ਆਦਿ ਹਾਜ਼ਰ ਸਨ।

ਰਾਜਵਿੰਦਰ ਸਿੰਘ ਧਰਮਕੋਟ, ਸ਼ਹਿਰੀ ਪ੍ਰਧਾਨ ਪਵਨ ਢੰਡ, ਸੀਨੀਅਰ ਆਗੂ ਅਵਤਾਰ ਸਿੰਘ ਨੱਥੋਕੇ।

ਸ਼੍ਰੋਮਣੀ ਅਕਾਲੀ ਦਲ ਵਲੋਂ ਰਾਜਵਿੰਦਰ ਸਿੰਘ ਧਰਮਕੋਟ ਨੂੰ ਨਿਹਾਲ ਸਿੰਘ ਵਾਲਾ ਦਾ ਇੰਚਾਰਜ ਲਗਾਏ ਜਾਣ 'ਤੇ ਦਿੱਤੀ ਵਧਾਈ

ਬਾਘਾ ਪੁਰਾਣਾ, 27 ਨਵੰਬਰ (ਟਿੰਕੂ ਕਾਠਪਾਲ)-ਸ਼੍ਰੋਮਣੀ ਅਕਾਲੀ ਦਲ ਵਲੋਂ ਬੀਤੇ ਦਿਨੀਂ ਸੂਬੇ ਦੇ ਵੱਖ-ਵੱਖ ਵਿਧਾਨ ਹਲਕਿਆਂ 'ਚ ਹਲਕਾ ਇੰਚਾਰਜ ਨਿਯੁਕਤ ਕੀਤੇ ਗਏ ਹਨ, ਜਿਸ ਦੇ ਤਹਿਤ ਮੋਗਾ ਜ਼ਿਲ੍ਹੇ ਦੇ ਵਿਧਾਨ ਸਭਾ ਹਲਕਾ ਨਿਹਾਲ ਸਿੰਘ ਵਾਲਾ ਅੰਦਰ ਵੀ ਰਾਜਵਿੰਦਰ ਸਿੰਘ ਧਰਮਕੋਟ ਨੂੰ ਨਿਹਾਲ ਸਿੰਘ ਦਾ ਮੁੱਖ ਸੇਵਾਦਾਰ ਨਿਯੁਕਤ ਕੀਤਾ ਗਿਆ ਹੈ। ਸ਼੍ਰੋਮਣੀ ਅਕਾਲੀ ਦਲ ਬਾਘਾ ਪੁਰਾਣਾ ਸ਼ਹਿਰੀ ਪ੍ਰਧਾਨ ਪਵਨ ਢੰਡ ਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਵਤਾਰ ਸਿੰਘ ਨੱਥੋਕੇ ਨੇ ਰਾਜਵਿੰਦਰ ਸਿੰਘ ਧਰਮਕੋਟ ਨੂੰ ਮੁੱਖ ਸੇਵਾਦਾਰ ਬਣਾਏ ਜਾਣ 'ਤੇ ਉਨ੍ਹਾਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਰਾਜਵਿੰਦਰ ਧਰਮਕੋਟ ਲੰਬੇ ਸਮੇਂ ਤੋਂ ਪਾਰਟੀ ਦੀਆਂ ਨੀਤੀਆਂ ਨੂੰ ਪਿੰਡ-ਪਿੰਡ ਘਰ-ਘਰ ਤੱਕ ਪਹੁੰਚਾਉਂਦੇ ਰਹੇ ਹਨ ਤੇ ਪਾਰਟੀ ਆਗੂਆਂ ਤੇ ਵਰਕਰਾਂ ਨਾਲ ਇਮਾਨਦਾਰੀ ਤੇ ਸਮਰਪਣ ਨਾਲ ਜੁੜੇ ਰਹੇ ਹਨ। ਪਵਨ ਢੰਡ ਨੇ ਵਿਸ਼ਵਾਸ ਜਤਾਇਆ ਕਿ ਨਵੀਂ ਜ਼ਿੰਮੇਵਾਰੀ ਮਿਲਣ ਤੋਂ ਬਾਅਦ ਰਾਜਵਿੰਦਰ ਧਰਮਕੋਟ ਨਿਹਾਲ ਸਿੰਘ ਵਾਲਾ ਖੇਤਰ ਵਿਚ ਸੰਗਠਨ ਨੂੰ ਹੋਰ ਮਜ਼ਬੂਤ ਕਰਨਗੇ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਵਤਾਰ ਸਿੰਘ ਨੱਥੋਕੇ ਨੇ ਵੀ ਨਵ-ਨਿਯੁਕਤ ਮੁੱਖ ਸੇਵਾਦਾਰ ਨੂੰ ਵਧਾਈ ਦਿੰਦਿਆਂ ਕਿਹਾ ਕਿ ਪਾਰਟੀ ਵਲੋਂ ਇਹ ਫ਼ੈਸਲਾ ਬਿਲਕੁਲ ਸਹੀ ਸਮੇਂ 'ਤੇ ਲਿਆ ਗਿਆ ਹੈ ਤੇ ਉਹ ਨਿਹਾਲ ਸਿੰਘ ਵਾਲਾ ਖੇਤਰ ਵਿਚ ਪਾਰਟੀ ਦੇ ਜ਼ਮੀਨੀ ਢਾਂਚੇ ਨੂੰ ਹੋਰ ਮਜ਼ਬੂਤ ਕਰਨਗੇ ਤੇ ਵਰਕਰਾਂ ਨਾਲ ਨਿਰੰਤਰ ਸੰਪਰਕ ਬਣਾਏ ਰੱਖਣਗੇ।

ਮੋਗਾ ਵਿਖੇ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਮੋਗਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਕਿਸਾਨ ਮਹਾਂ ਪੰਚਾਇਤ ਵਿਚ ਸ਼ਾਮਿਲ ਹੋਣ ਸਬੰਧੀ ਦੱਸਦੇ ਹੋਏ। ਤਸਵੀਰ : ਜਸਪਾਲ ਸਿੰਘ ਬੱਬੀ

ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਜ਼ਿਲ੍ਹਾ ਮੋਗਾ ਦੇ ਕਿਸਾਨ ਚੰਡੀਗੜ੍ਹ ਵਿਖੇ ਮਹਾਂ ਪੰਚਾਇਤ 'ਚ ਸ਼ਾਮਿਲ ਹੋਣਗੇ-ਭੁਪਿੰਦਰ ਸਿੰਘ

ਮੋਗਾ, 27 ਨਵੰਬਰ (ਜਸਪਾਲ ਸਿੰਘ ਬੱਬੀ)-ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਮੋਗਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਨੇ ਦੱਸਿਆ ਕਿ ਸੰਯੁਕਤ ਕਿਸਾਨ ਮੋਰਚਾ ਵਲੋਂ ਮਿਤੀ 26 ਨਵੰਬਰ ਨੂੰ ਕਿਸਾਨੀ ਸੰਘਰਸ਼ ਦੌਰਾਨ ਜਿੱਤ ਦੀ ਖ਼ੁਸ਼ੀ ਨੂੰ ਮੁੱਖ ਰੱਖਦੇ ਹੋਏ 43 ਸੈਕਟਰ ਚੰਡੀਗੜ੍ਹ ਵਿਖੇ ਪੰਜਵੀਂ ਵਰ੍ਹੇਗੰਢ ਮਨਾਈ ਜਾਵੇਗੀ। ਇਸ ਮਹਾਂ ਪੰਚਾਇਤ ਵਿੱਚ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਦੇਸ਼ ਭਰ ਤੋਂ ਕਿਸਾਨ ਸ਼ਾਮਲ ਹੋਣਗੇ। ਇਸ ਸਮੇਂ ਸੰਯੁਕਤ ਕਿਸਾਨ ਮੋਰਚਾ ਵਲੋਂ ਆਪਣੀਆਂ ਰਹਿੰਦੀਆਂ ਮੰਗਾਂ ਐਮ.ਐਸ.ਪੀ. ਗਰੰਟੀ ਕਾਨੂੰਨ ਲਾਗੂ ਕਰਾਉਣ ਲਈ ਤੇ ਪੰਜਾਬ ਦੇ ਪਾਣੀਆਂ, ਯੂਨੀਵਰਸਿਟੀ ਤੇ ਪੰਜਾਬ ਨੂੰ ਚੰਡੀਗੜ੍ਹ ਦਾ ਪੂਰਾ ਹੱਕ ਦੇਣ ਲਈ ਕੇਂਦਰ ਸਰਕਾਰ ਨੂੰ ਮੰਗ ਪੱਤਰ ਭੇਜਿਆ ਜਾਵੇਗਾ ਤੇ ਪੰਜਾਬ ਦੀਆਂ ਮੰਗਾਂ ਸਬੰਧੀ ਪੰਜਾਬ ਦੇ ਮੁੱਖ ਮੰਤਰੀ ਦੇ ਨਾਮ ਤੇ ਮੰਗ ਪੱਤਰ ਸੌਂਪੇ ਜਾਣਗੇ। ਇਸ ਮੌਕੇ ਜ਼ਿਲ੍ਹਾ ਮੀਤ ਪ੍ਰਧਾਨ ਲਖਵੀਰ ਸਿੰਘ ਸੰਧੂ, ਬਲਾਕ ਪ੍ਰਧਾਨ ਗੁਰਮੇਲ ਸਿੰਘ ਡਰੋਲੀ, ਬਲਦੇਵ ਸਿੰਘ, ਪ੍ਰਕਾਸ਼ ਸਿੰਘ, ਮੇਜਰ ਸਿੰਘ ਆਦਿ ਹਾਜ਼ਰ ਸਨ।

ਪੱਤਰ ਸੂਚਨਾ ਦਫ਼ਤਰ ਮੋਗਾ ਵਿਖੇ ਵਾਰਤਾਲਾਪ ਮੀਡੀਆ ਵਰਕਸ਼ਾਪ ਲਗਾਈ

ਡਿਪਟੀ ਕਮਿਸ਼ਨਰ ਮੋਗਾ ਸਾਗਰ ਸੇਤੀਆ ਨੇ ਮੁੱਖ ਮਹਿਮਾਨ ਵਜੋਂ ਕੀਤੀ ਸ਼ਿਰਕਤ

ਮੋਗਾ, 27 ਨਵੰਬਰ (ਸੁਰਿੰਦਰਪਾਲ ਸਿੰਘ, ਗੁਰਤੇਜ ਸਿੰਘ ਬੱਬੀ, ਅਸ਼ੋਕ ਬਾਂਸਲ)-ਪੱਤਰ ਸੂਚਨਾ ਦਫ਼ਤਰ (ਪੀ.ਆਈ.ਬੀ.) ਚੰਡੀਗੜ੍ਹ ਦੀ ਜਲੰਧਰ ਸ਼ਾਖਾ ਵਲੋਂ ਵੰਦੇ ਮਾਤਰਮ ਦੀ 150ਵੀਂ ਵਰ੍ਹੇਗੰਢ ਨੂੰ ਸਮਰਪਿਤ ਵਾਰਤਾਲਾਪ ਮੀਡੀਆ ਵਰਕਸ਼ਾਪ ਲਗਾਈ ਗਈ ਜਿਸ 'ਚ ਵਿਸ਼ੇਸ਼ ਤੌਰ 'ਤੇ ਮੋਗਾ ਦੇ ਪੱਤਰਕਾਰ ਸ਼ਾਮਿਲ ਹੋਏ। ਮੀਡੀਆ ਵਰਕਸ਼ਾਪ 'ਚ ਭਾਰਤ ਸਰਕਾਰ ਦੀਆਂ ਵੱਖ-ਵੱਖ ਯੋਜਨਾਵਾਂ, ਨੀਤੀਆਂ ਤੇ ਪਹਿਲਕਦਮੀਆਂ ਦੀ ਮਹਿਲਾ ਸਸ਼ਕਤੀਕਰਨ ਵਿਚ ਭੂਮਿਕਾ ਵਿਸ਼ੇ 'ਤੇ ਜ਼ਿਲ੍ਹੇ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਵਲੋਂ ਚਰਚਾ ਕੀਤੀ ਗਈ। ਇਸ ਮੌਕੇ ਡਿਪਟੀ ਕਮਿਸ਼ਨਰ ਮੋਗਾ ਸਾਗਰ ਸੇਤੀਆ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਵਰਕਸ਼ਾਪ ਦੀ ਸ਼ੁਰੂਆਤ ਰਾਸ਼ਟਰੀ ਗੀਤ ਵੰਦੇ ਮਾਤਰਮ ਦੇ ਸਮੂਹਿਕ ਗਾਇਣ ਨਾਲ ਕੀਤੀ ਗਈ। ਮੀਡੀਆ ਤੇ ਸੰਚਾਰ ਅਧਿਕਾਰੀ ਡਾ. ਵਿਕਰਮ ਸਿੰਘ ਨੇ ਵਰਕਸ਼ਾਪ ਵਿਚ ਪਹੁੰਚੇ ਸਭ ਮਹਿਮਾਨਾਂ ਦਾ ਸਵਾਗਤ ਕੀਤਾ। ਡਾ. ਵਿਕਰਮ ਨੇ ਭਾਰਤ ਸਰਕਾਰ ਦੇ ਸੂਚਨਾ ਤੇ ਪ੍ਰਸਾਰਨ ਮੰਤਰਾਲੇ ਦੇ ਵੱਖ-ਵੱਖ ਮੀਡੀਆ ਯੂਨਿਟਾਂ ਦੀ ਭੂਮਿਕਾ ਬਾਰੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਪੀ.ਆਈ.ਬੀ. ਮੰਤਰਾਲੇ ਦਾ ਪ੍ਰਮੁੱਖ ਹਿੱਸਾ ਹੈ। ਡਿਪਟੀ ਕਮਿਸ਼ਨਰ ਮੋਗਾ ਸਾਗਰ ਸੇਤੀਆ ਨੇ ਪੱਤਰਕਾਰਾਂ ਨੂੰ ਸੰਬੋਧਨ ਹੁੰਦੇ ਹੋਏ ਕਿਹਾ ਕਿ ਔਰਤਾਂ ਦੀ ਦੇਸ਼ ਦੀ ਤਰੱਕੀ ਵਿਚ ਵਿਸ਼ੇਸ਼ ਭੂਮਿਕਾ ਹੁੰਦੀ ਹੈ ਤੇ ਜੇਕਰ ਔਰਤਾਂ ਤਾਕਤਵਰ ਹੋਣਗੀਆਂ ਤਾਂ ਸਾਡਾ ਦੇਸ਼ ਹੋਰ ਵੀ ਤਰੱਕੀ ਕਰੇਗਾ। ਉਨ੍ਹਾਂ ਕਿਹਾ ਕਿ ਪੱਤਰ ਸੂਚਨਾ ਦਫ਼ਤਰ ਵਲੋਂ ਵਾਰਤਾਲਾਪ ਵਰਗੇ ਪ੍ਰੋਗਰਾਮ ਸਰਕਾਰ ਦਾ ਮੀਡੀਆ ਨਾਲ ਰਾਬਤਾ ਬਣਾਉਣ ਵਿਚ ਖ਼ਾਸ ਯੋਗਦਾਨ ਪਾਉਂਦੇ ਹਨ, ਜਿਨ੍ਹਾਂ ਦਾ ਲਾਭ ਆਮ ਲੋਕਾਂ ਨੂੰ ਹੁੰਦਾ ਹੈ। ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਮੋਗਾ ਤੋਂ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਗੀਤੂ ਜੈਨ ਨੇ ਸੰਬੋਧਨ ਕਰਦੇ ਕਿਹਾ ਕਿ ਜੇਕਰ ਦੇਸ਼ ਦੇ ਲੋਕ ਤੰਦਰੁਸਤ ਹੋਣਗੇ ਤਾਂ ਦੇਸ਼ ਦੀ ਤਰੱਕੀ ਵਿਚ ਉਹ ਆਪਣਾ ਪੂਰਾ ਯੋਗਦਾਨ ਦੇ ਸਕਣਗੇ। ਡਾ. ਜੈਨ ਨੇ ਕਿਹਾ ਕਿ ਇਸ ਤਹਿਤ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਵਿਚ ਨੈਸ਼ਨਲ ਹੈਲਥ ਮਿਸ਼ਨ ਤਹਿਤ ਭਾਰਤ ਸਰਕਾਰ ਦੀਆਂ ਕਈ ਯੋਜਨਾਵਾਂ ਹਨ, ਜੋ ਖ਼ਾਸ ਕਰ ਔਰਤਾਂ ਲਈ ਹਨ।

ਸਿੱਖਿਆ ਵਿਭਾਗ ਮੋਗਾ ਤੋਂ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀਮੈਂਟਰੀ) ਮੰਜੂ ਭਾਰਦਵਾਜ ਨੇ ਕਿਹਾ ਕਿ ਭਾਰਤ ਸਰਕਾਰ ਦੇਸ਼ ਦੀਆਂ ਧੀਆਂ ਦੀ ਸਿੱਖਿਆ ਨੂੰ ਹੁਲਾਰਾ ਦੇਣ ਲਈ ਪੂਰੀ ਸਰਗਰਮੀ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਸਰਵ ਸਿੱਖਿਆ ਅਭਿਆਨ ਤਹਿਤ 6 ਤੋਂ 14 ਸਾਲ ਤੱਕ ਦੀ ਉਮਰ ਦੀਆਂ ਦੇਸ਼ ਦੀਆਂ ਧੀਆਂ ਸਮੇਤ ਹਰ ਬੱਚੇ ਨੂੰ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਮੁਹੱਈਆ ਕਰਵਾ ਰਹੀ ਹੈ। ਇਸ ਮੌਕੇ ਖੇਤੀਬਾੜੀ ਅਫ਼ਸਰ ਮੋਗਾ ਡਾ. ਸੁਖਰਾਜ ਕੌਰ ਨੇ ਕਿਹਾ ਕਿ ਕੇਂਦਰ ਸਰਕਾਰ ਵਲੋਂ ਖੇਤੀਬਾੜੀ ਵਿਭਾਗ ਵਿਚ ਔਰਤਾਂ ਨੂੰ ਵਿਸ਼ੇਸ਼ ਤੌਰ 'ਤੇ ਤਰਜੀਹ ਦਿੱਤੀ ਜਾ ਰਹੀ ਹੈ, ਜਿਸ ਨਾਲ ਕਿਸਾਨੀ ਅਤੇ ਔਰਤਾਂ ਦੇ ਸਸ਼ਕਤੀਕਰਨ ਨੂੰ ਵਿਸ਼ੇਸ਼ ਹੁਲਾਰਾ ਮਿਲਿਆ ਹੈ। ਡਾ. ਸੁਖਰਾਜ ਨੇ ਦੱਸਿਆ ਕਿ ਨਮੋ ਡਰੋਨ ਦੀਦੀ ਤਹਿਤ ਜ਼ਿਲ੍ਹਾ ਮੋਗਾ ਵਿਚ ਚਾਰ ਔਰਤਾਂ ਡਰੋਨ ਰਾਹੀਂ ਸਪਰੇਅ ਕਰਨ ਦੇ ਕਾਰਜ ਵਿਚ ਵਿਲੱਖਣ ਮਿਸਾਲ ਹਨ। ਜ਼ਿਲ੍ਹਾ ਰੁਜ਼ਗਾਰ ਉਤਪਤੀ, ਹੁਨਰ ਵਿਕਾਸ ਤੇ ਸਿਖਲਾਈ ਅਫ਼ਸਰ ਮੋਗਾ ਡਿੰਪਲ ਥਾਪਰ ਨੇ ਇਸ ਮੌਕੇ ਕਿਹਾ ਕਿ ਵਿਭਾਗ ਵਲੋਂ ਕਈ ਅਜਿਹੇ ਸਿਖਲਾਈ ਅਤੇ ਟਰੇਨਿੰਗ ਪ੍ਰੋਗਰਾਮ ਕਰਵਾਏ ਜਾ ਰਹੇ ਹਨ। ਹੁਨਰ ਵਿਕਾਸ ਮਿਸ਼ਨ ਦੇ ਬਲਾਕ ਮਿਸ਼ਨ ਮੈਨੇਜਰ ਮਨਪ੍ਰੀਤ ਕੌਰ ਨੇ ਪ੍ਰਧਾਨ ਮੰਤਰੀ ਕੌਸ਼ਲ ਵਿਕਾਸ ਯੋਜਨਾ, ਸੰਕਲਪ ਯੋਜਨਾ ਅਤੇ ਪ੍ਰਧਾਨ ਮੰਤਰੀ ਵਿਸ਼ਵਕਰਮਾ ਯੋਜਨਾਵਾਂ ਸਬੰਧੀ ਜਾਣਕਾਰੀ ਦਿੱਤੀ।

ਪੱਤਰ ਸੂਚਨਾ ਦਫ਼ਤਰ ਜਲੰਧਰ ਵਲੋਂ ਮੋਗਾ ਵਿਖੇ ਕਰਵਾਈ ਵਾਰਤਾਲਾਪ ਮੀਡੀਆ ਵਰਕਸ਼ਾਪ ਦੌਰਾਨ ਡਿਪਟੀ ਕਮਿਸ਼ਨਰ ਮੋਗਾ ਨੂੰ ਸਨਮਾਨਿਤ ਕਰਦੇ ਹੋਏ ਮੀਡੀਆ ਤੇ ਸੰਚਾਰ ਅਧਿਕਾਰੀ ਡਾ. ਵਿਕਰਮ ਸਿੰਘ। ਤਸਵੀਰ: ਹਰਜੀਤ ਸਿੰਘ, ਜਸਪਾਲ ਸਿੰਘ ਬੱਬੀ

ਸ਼੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਕਰਵਾਏ ਭਾਸ਼ਣ ਮੁਕਾਬਲੇ 'ਚ ਹਿੱਸਾ ਲੈਂਦੇ ਹੋਏ ਕਾਲਜ ਦੇ ਵਿਦਿਆਰਥੀ ਨਾਲ ਸਟਾਫ ਮੈਂਬਰ।

ਡਾ. ਮਾਣਕ ਮੈਮੋਰੀਅਲ ਕਾਲਜ ਵਲੋਂ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਸ਼ਹੀਦੀ ਦਿਹਾੜਾ ਮਨਾਇਆ

ਜਲੰਧਰ, 27 ਨਵੰਬਰ (ਅ.ਬ.)-ਡਾ. ਮਾਣਕ ਮੈਮੋਰੀਅਲ ਕਾਲਜ, ਧਰਮਕੋਟ 'ਚ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਸ਼ਹੀਦੀ ਦਿਹਾੜਾ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ। ਸਮਾਗਮ ਦੀ ਸ਼ੁਰੂਆਤ ਅਰਦਾਸ ਅਤੇ ਸ਼ਬਦ ਕੀਰਤਨ